ਸਾਰਗ ਮਹਲਾ ੫ ॥ਸਿਮਰਨ ਰਾਮ ਕੋ ਇਕੁ ਨਾਮ ॥ ਕਲਮਲ ਦਗਧ ਹੋਹਿ ਖਿਨ ਅੰਤਰਿ ਕੋਟਿ ਦਾਨ ਇਸਨਾਨ ॥੧॥ ਰਹਾਉ ॥ ਆਨ ਜੰਜਾਰ ਬ੍ਰਿਥਾ ਸ੍ਰਮੁ ਘਾਲਤ ਬਿਨੁ ਹਰਿ ਫੋਕਟ ਗਿ ਆਨ ॥ ਜਨਮ ਮਰਨ ਸੰਕਟ ਤੇ ਛੂਟੈ ਜਗਦੀਸ ਭਜਨ ਸੁਖ ਧਿਆਨ ॥ ੧॥ ਤੇਰੀ ਸਰਨਿ ਪੂਰਨ ਸੁਖ ਸਾਗਰ ਕਰਿ ਕਿਰਪਾ ਦੇਵਹੁ ਦਾਨ ॥ ਸਿਮਰਿ ਸਿਮਰਿ ਨਾਨਕ ਪ੍ਰਭ ਜੀਵੈ ਬਿਨਸਿ ਜਾਇ ਅਭਿਮਾਨ ॥੨॥੬੬॥੮੯॥ {ਪੰਨਾ 1221}

ਪਦਅਰਥ:- ਇਕੁ—ਸਿਰਫ਼। ਕੋ—ਦਾ। ਕਲਮਲ—ਪਾਪ। ਦਗਧ ਹੋਹਿ—ਸੜ ਜਾਂਦੇ ਹਨ {ਬਹੁ-ਵਚਨ}। ਕੋਟਿ—ਕ੍ਰੋੜਾਂ।1। ਰਹਾਉ।

ਆਨ ਜੰਜਾਰ—ਹੋਰ ਹੋਰ (ਮਾਇਕ) ਜੰਜਾਲਾਂ ਵਾਸਤੇ। ਬ੍ਰਿਥਾ—ਵਿਅਰਥ। ਸ੍ਰਮੁ—ਮਿਹਨਤ, ਖੇਚਲ। ਫੋਕਟ—ਫੋਕੇ। ਸੰਕਟ ਤੇ—ਕਸ਼ਟ ਤੋਂ। ਜਗਦੀਸ—ਜਗਤ ਦਾ ਮਾਲਕ {ਜਗਤ-ਈਸ਼}। ਧਿਆਨ—ਸੁਰਤਿ।1।

ਸੁਖ ਸਾਗਰ—ਹੇ ਸੁਖਾਂ ਦੇ ਸਮੁੰਦਰ! ਕਰਿ—ਕਰ ਕੇ। ਸਿਮਰਿ—ਸਿਮਰ ਕੇ। ਪ੍ਰਭ—ਹੇ ਪ੍ਰਭੂ! ਜੀਵੈ—ਆਤਮਕ ਜੀਵਨ ਹਾਸਲ ਕਰੇ।2।

ਅਰਥ:- ਹੇ ਭਾਈ! ਜੇ ਸਿਰਫ਼ ਪਰਮਾਤਮਾ ਦੇ ਨਾਮ ਦਾ ਸਿਮਰਨ ਹੀ ਕੀਤਾ ਜਾਏ, ਤਾਂ ਇਕ ਖਿਨ ਵਿਚ (ਜੀਵ ਦੇ ਸਾਰੇ) ਪਾਪ ਸੜ ਜਾਂਦੇ ਹਨ (ਉਸ ਨੂੰ, ਮਾਨੋ) ਕ੍ਰੋੜਾਂ ਦਾਨ ਤੇ ਤੀਰਥ-ਇਸ਼ਨਾਨ (ਕਰਨ ਦਾ ਫਲ ਮਿਲ ਗਿਆ)।1। ਰਹਾਉ।

ਹੇ ਭਾਈ! (ਜੇ ਮਨੁੱਖ ਮਾਇਆ ਦੇ ਹੀ) ਹੋਰ ਹੋਰ ਜੰਜਾਲਾਂ ਵਾਸਤੇ ਵਿਅਰਥ ਭੱਜ-ਦੌੜ ਕਰਦਾ ਰਹਿੰਦਾ ਹੈ (ਅਤੇ ਹਰਿ-ਨਾਮ ਨਹੀਂ ਸਿਮਰਦਾ, ਤਾਂ) ਪਰਮਾਤਮਾ ਦੇ ਨਾਮ ਤੋਂ ਬਿਨਾ (ਨਿਰੀਆਂ) ਗਿਆਨ ਦੀਆਂ ਗੱਲਾਂ ਸਭ ਫੋਕੀਆਂ ਹੀ ਹਨ। ਜਦੋਂ ਮਨੁੱਖ ਪਰਮਾਤਮਾ ਦੇ ਭਜਨ ਦੇ ਆਨੰਦ ਵਿਚ ਸੁਰਤਿ ਜੋੜਦਾ ਹੈ, ਤਦੋਂ ਹੀ ਉਹ ਜਨਮ ਮਰਨ ਦੇ ਗੇੜ ਦੇ ਕਸ਼ਟ ਤੋਂ ਬਚਦਾ ਹੈ।1।

ਹੇ ਨਾਨਕ! (ਆਖ—) ਹੇ ਸੁਖਾਂ ਦੇ ਸਮੁੰਦਰ ਪ੍ਰਭੂ! ਹੇ ਪੂਰਨ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ, ਮਿਹਰ ਕਰ ਕੇ ਮੈਨੂੰ ਆਪਣੇ ਨਾਮ ਦੀ ਦਾਤਿ ਦੇਹ। ਤੇਰਾ ਨਾਮ ਸਿਮਰ ਸਿਮਰ ਕੇ ਆਤਮਕ ਜੀਵਨ ਮਿਲਦਾ ਹੈ, ਅਤੇ (ਮਨ ਵਿਚੋਂ) ਅਹੰਕਾਰ ਨਾਸ ਹੋ ਜਾਂਦਾ ਹੈ।2। 66। 89।